ਸਮਾਜਿਕ ਕੁਰੀਤੀਆਂ ਦਾ ਤਿਆਗ ਕਰਕੇ ਸ਼ਹੀਦਾਂ ਦੀ ਸੋਚ ’ਤੇ ਪਹਿਰਾ ਦੇਣ ਨੌਜਵਾਨ : ਡਿਪਟੀ ਕਮਿਸ਼ਨਰ

ਹਥਿਆਰਬੰਦ ਸੈਨਾ ਝੰਡਾ ਦਿਵਸ ਮਨਾਉਣ ਮੌਕੇ ਨਾਨ ਪੈਨਸ਼ਨਰ ਸੈਨਿਕਾਂ ਨੂੰ ਭੇਂਟ ਕੀਤੇ ਚੈੱਕ

ਤਰਨਤਾਰਨ, 8 ਦਸੰਬਰ :

ਹਥਿਆਰਬੰਦ ਸੈਨਾ ਝੰਡਾ ਦਿਵਸ ਦੇਸ਼ ਦੇ ਉਨ੍ਹਾਂ ਅਮਰ ਸ਼ਹੀਦਾਂ ਦੀ ਯਾਦ ਨੂੰ ਤਾਜ਼ਾ ਕਰਦਾ ਹੈ, ਜਿਨ੍ਹਾਂ ਨੇ ਆਪਣਾ ਆਪ ਸਾਡੇ ਸਾਰਿਆਂ ਲਈ ਕੁਰਬਾਨ ਕਰ ਦਿੱਤਾ। ਦੇਸ਼ ਦੇ ਨੌਜਵਾਨਾਂ ਨੂੰ ਚਾਹੀਦਾ ਹੈ ਕਿ ਉਹ ਸਮਾਜਿਕ ਕੁਰੀਤੀਆਂ ਦਾ ਤਿਆਗ ਕਰਕੇ ਸ਼ਹੀਦਾਂ ਦੀ ਸੋਚ ’ਤੇ ਪਹਿਰਾ ਦੇਣ।
ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹਥਿਆਰਬੰਦ ਸੈਨਾ ਝੰਡਾ ਦਿਵਸ ਮਨਾਉਣ ਮੌਕੇ ਨਾਨ ਪੈਨਸ਼ਨਰ ਸੈਨਿਕਾਂ ਨੂੰ ਚੈੱਕ ਭੇਂਟ ਕਰਨ ਮੌਕੇ ਕੀਤਾ। ਉਨ੍ਹਾਂ ਦੱਸਿਆ ਕਿ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਬਰਕਰਾਰ ਰੱਖਣ ਲਈ ਵਿਸ਼ਵਯੁੱਧਾਂ, 1947, 1962, 1965, 1971 ਅਤੇ 1999 ਦੇ ਕਾਰਗਿਲ ਯੁੱਧਾਂ ਵਿੱਚ ਸੈਨਿਕਾਂ ਨੇ ਕਾਫੀ ਸ਼ਹਾਦਤਾਂ ਪਾਈਆਂ ਹਨ, ਜਿਨ੍ਹਾਂ ਵਿੱਚ ਪੰਜਾਬੀ ਸੈਨਿਕਾਂ ਦੀਆਂ ਕੁਰਬਾਨੀਆਂ ਜ਼ਿਕਰਯੋਗ ਹਨ।



ਉਨ੍ਹਾਂ ਕਿਹਾ ਕਿ ਸ਼ਹੀਦ ਅਤੇ ਨਕਾਰਾ ਹੋਏ ਸੈਨਿਕਾਂ ਨੇ ਦੇਸ਼ ਲਈ ਲੜਾਈਆਂ ਤਾਂ ਲੜੀਆਂ ਸਨ, ਪਰ ਉਨ੍ਹਾਂ ਵਿੱਚੋਂ ਬਹੁਤ ਸਾਰੇ ਸਾਬਕਾ ਸੈਨਿਕਾਂ ਨੂੰ ਪੈਨਸ਼ਨ ਦਿੱਤੇ ਬਿਨਾਂ ਹੀ ਸੇਵਾ ਮੁਕਤ ਕਰ ਦਿਤਾ ਗਿਆ। ਅਜਿਹੇ ਸੈਨਿਕਾਂ ਦੇ ਪਰਿਵਾਰਾਂ ਦੀ ਦੇਖਭਾਲ ਕਰਨਾ ਸਰਕਾਰ ਅਤੇ ਸਮਾਜ ਦੀ ਮੁੱਢਲੀ ਜਿੰਮੇਵਾਰੀ ਬਣ ਜਾਂਦੀ ਹੈ।
ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਸਿਪਾਹੀ ਅਰਜਨ ਸਿੰਘ ਨੂੰ 25 ਹਜ਼ਾਰ ਰੁਪਏ ਦੀ ਮਾਲੀ ਸਹਾਇਤਾ ਦਾ ਚੈੱਕ ਭੇਂਟ ਕੀਤਾ ਗਿਆ। ਅੰਤ ਵਿੱਚ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਤਰਨਤਾਰਨ ਸ੍ਰੀ ਗੁਰਿੰਦਰਜੀਤ ਸਿੰਘ ਗਿੱਲ (ਰਿਟਾਇਰਡ ਲੈਫਟੀਨੈਂਟ ਕਰਨਲ) ਨੇ ਡਿਪਟੀ ਕਮਿਸ਼ਨਰ ਤਰਨਤਾਰਨ ਨੂੰ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਨਾਲ ਸੰਬੰਧਿਤ ਇੱਕ ਬੁੱਕ ਵੀ ਪ੍ਰਦਾਨ ਕੀਤੀ।

----------------------------------------